ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸਿਲਵਰ ਓਕਸ ਸਕੂਲ ਸੇਵੇਵਾਲਾ (ਜੈਤੋ) ਵਿਖੇ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ। ਤਸਵੀਰ : ਗੁਰਚਰਨ ਸਿੰਘ ਗਾਬੜੀਆ

ਸਿਲਵਰ ਓਕਸ ਸਕੂਲ 'ਚ 'ਵੈਂਚਰਸ ਕੈਪੀਟਲਿਸਟ ਸ਼ੋਅਕੇਸ' ਹੁਨਰ ਉਤਸਵ ਮਨਾਇਆ

ਜੈਤੋ, 27 ਨਵੰਬਰ (ਗੁਰਚਰਨ ਸਿੰਘ ਗਾਬੜੀਆ)-ਸਿਲਵਰ ਓਕਸ ਸਕੂਲ ਸੇਵੇਵਾਲਾ 'ਚ ਕਲਾਸ ਨੌਵੀਂ 'ਏ', ਨੌਵੀਂ 'ਬੀ' ਦੇ ਵਿਦਿਆਰਥੀਆਂ ਲਈ 'ਵੈਂਚਰਸ ਕੈਪੀਟਲਿਸਟ ਸ਼ੋਅਕੇਸ' ਥੀਮ 'ਤੇ ਇਕ ਰੋਜ਼ਾ ਹੁਨਰ ਉਤਸਵ (ਹੁਨਰ ਮੇਲਾ) ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਉੱਦਮੀ ਹੁਨਰਾਂ ਤੇ ਨਵੀਨਤਾਕਾਰੀ ਸੋਚ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੁਕਾਬਲੇ ਲਈ 45 ਮਿੰਟ ਦਾ ਸਮਾਂ-ਸੀਮਾ ਨਿਰਧਾਰਤ ਕੀਤੀ ਗਈ ਸੀ, ਜਿਸ 'ਚ ਵਿਦਿਆਰਥੀਆਂ ਨੇ ਆਪਣੇ ਕਾਰੋਬਾਰੀ ਵਿਚਾਰਾਂ ਨੂੰ ਜੱਜਾਂ ਸਾਹਮਣੇ ਪੇਸ਼ ਕੀਤਾ। ਇਸ ਮੁਕਾਬਲੇ ਦੇ ਥੀਮ 'ਵੈਂਚਰਜ਼ ਕੈਪੀਟਲਿਸਟ ਸ਼ੋਅਕੇਸ' ਦਾ ਮੁੱਖ ਉਦੇਸ਼ ਕਾਰੋਬਾਰੀ ਹੁਨਰ ਵਿਕਸਿਤ ਕਰਨਾ, ਵਿਦਿਆਰਥੀਆਂ ਨੂੰ ਵਪਾਰ ਅਤੇ ਉੱਦਮ, ਬਾਰੇ ਮੁੱਢਲੀ ਜਾਣਕਾਰੀ ਦੇਣਾ ਅਤੇ ਉਨ੍ਹਾਂ ਵਿਚ ਬਿਜ਼ਨੈਸ ਦੀ ਸੂਝ ਪੈਦਾ ਕਰਨਾ, ਨਵੇਂ ਵਿਚਾਰਾਂ ਨੂੰ ਉਤਸ਼ਾਹਿਤ ਕਰਨਾ, ਵਿਦਿਆਰਥੀਆਂ ਨੂੰ ਨਵੇਂ ਤੇ ਰਚਨਾਤਮਕ ਆਈਡੀਆ ਸੋਚਣ ਤੇ ਪੇਸ਼ ਕਰਨ ਲਈ ਪ੍ਰੇਰਿਤ ਕਰਨਾ ਸੀ। ਵਿਦਿਆਰਥੀਆਂ ਨੇ ਪੇਸ਼ਕਾਰੀ ਅਤੇ ਸੰਚਾਰ ਹੁਨਰ ਨੂੰ ਜੱਜਾਂ ਦੇ ਸਾਹਮਣੇ ਤੇ ਵਧੀਆ ਢੰਗ ਨਾਲ ਪੇਸ਼ ਕੀਤਾ। ਇਸ ਨਾਲ ਵਿਦਿਆਰਥੀਆਂ ਨੂੰ ਵਿੱਤੀ ਸਮਝ, ਚੰਗੇ ਕਾਰੋਬਾਰ ਲਈ ਕਿਵੇਂ ਨਿਵੇਸ਼ ਕੀਤਾ ਜਾਂਦਾ ਹੈ ਅਤੇ ਇਕ ਚੰਗਾ ਨਿਵੇਸ਼ਕ ਕੀ ਵੇਖਦਾ ਹੈ। ਵੱਖ-ਵੱਖ ਪਹਿਲੂਆਂ ਤੋਂ ਜਾਣਕਾਰੀ ਪ੍ਰਾਪਤ ਕੀਤੀ। ਸਕੂਲ ਦੇ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਨੇ ਸਾਰੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਸਮਾਗਮ ਦੇ ਅੰਤ 'ਚ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ ਤੇ ਦੂਜੇ ਵਿਦਿਆਰਥੀਆਂ ਨੂੰ ਵੀ ਭਵਿੱਖ ਵਿਚ ਅਜਿਹੇ ਮੁਕਾਬਲਿਆਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਵਿਖੇ ਮਨਾਏ ਗਏ ਸੰਵਿਧਾਨ ਦਿਵਸ ਮੌਕੇ ਸਹੁੰ ਚੁੱਕਦੇ ਹੋਏ ਵਲੰਟੀਅਰ ਤੇ ਸਟਾਫ਼। ਅਜੀਤ ਤਸਵੀਰ

ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਵਿਖੇ ਰਾਸ਼ਟਰੀ ਸੰਵਿਧਾਨ ਦਿਵਸ ਮਨਾਇਆ

ਫ਼ਰੀਦਕੋਟ, 27 ਨਵੰਬਰ (ਜਸਵੰਤ ਸਿੰਘ ਪੁਰਬਾ)-ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਫ਼ਰੀਦਕੋਟ ਦੇ ਐਨ.ਐਸ.ਐਸ. ਯੂਨਿਟ ਵਲੋਂ ਰਾਸ਼ਟਰੀ ਸੰਵਿਧਾਨ ਦਿਵਸ ਮਨਾਇਆ ਗਿਆ। ਪ੍ਰਿੰਸੀਪਲ ਡਾ. ਹਰਦੀਪ ਕੌਰ ਮੱਲ ਨੇ ਸੰਵਿਧਾਨ ਦਿਵਸ ਦੀ ਮਹੱਤਤਾ ਬਾਰੇ ਵਿਸਥਾਰ ਪੂਰਵਕ ਦੱਸਿਆ। ਇਸ ਮੌਕੇ ਯੂਕੋਨ ਦੇ ਸਟਾਫ਼ ਅਤੇ ਐਨ.ਐਸ.ਐਸ. ਦੇ ਵਲੰਟੀਅਰਾਂ ਨੇ ਸੰਵਿਧਾਨ ਦਿਵਸ ਦੀ ਸਹੁੰ ਚੁੱਕੀ। ਐਨ.ਐਸ.ਐਸ. ਦੇ ਪ੍ਰੋਗਰਾਮ ਅਫਸਰ ਪੁਸ਼ਪਾ ਰਾਣੀ, ਸਹਾਇਕ ਪ੍ਰੋਗਰਾਮ ਅਫ਼ਸਰ ਹਰਮੀਤ ਕੌਰ ਅਤੇ ਰਮਨਦੀਪ ਕੌਰ ਨੇ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਿਚ ਅਹਿਮ ਭੂਮਿਕਾ ਨਿਭਾਈ।

ਜਨਮ ਦਿਨ ਮੁਬਾਰਕ

ਪ੍ਰਭਲੀਨ ਕੌਰ ਮਰਾੜ੍ਹ
ਪਿਤਾ: ਹਰਵਿੰਦਰ ਸਿੰਘ
ਮਾਤਾ: ਪ੍ਰਦੀਪ ਕੌਰ ਵਾਸੀ
ਜੈਤੋ (ਫ਼ਰੀਦਕੋਟ)

ਨਵਨੀਤ ਕੌਰ
ਪਿਤਾ: ਕੇਵਲ ਸਿੰਘ
ਮਾਤਾ: ਕਰਮਜੀਤ ਕੌਰ
ਵਾਸੀ ਫ਼ਰੀਦਕੋਟ।

ਇਨਾਇਤ
ਪਿਤਾ: ਦਵਿੰਦਰਪਾਲ
ਮਾਤਾ: ਜੀਨੂੰ ਵਾਸੀ
ਫ਼ਰੀਦਕੋਟ

ਗੁਰਿੰਦਰਪਾਲ ਸਿੰਘ
ਪਿਤਾ: ਸੁਰਿੰਦਰ ਕੁਮਾਰ
ਮਾਤਾ: ਪੁਸ਼ਪਾ ਰਾਣੀ ਵਾਸੀ
ਸੁੰਦਰ ਨਗਰ ਫ਼ਰੀਦਕੋਟ।

25ਵਾਂ ਸਾਲਾਨਾ ਇਨਾਮ ਵੰਡ ਸਮਾਗਮ ਕੱਲ੍ਹ

ਬਾਜਾਖਾਨਾ, 27 ਨਵੰਬਰ (ਜਗਦੀਪ ਸਿੰਘ ਗਿੱਲ)-ਨਜ਼ਦੀਕੀ ਪਿੰਡ ਡੋਡ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ (ਮੇਨ) ਡੋਡ, ਸਰਕਾਰੀ ਪ੍ਰਾਇਮਰੀ ਸਕੂਲ (ਬੁੱਧਗਿਰ ਬਸਤੀ) ਤੇ ਪੀ.ਐਮ. ਸ੍ਰੀ ਸਰਕਾਰੀ ਹਾਈ ਸਕੂਲ ਡੋਡ ਵਿਖੇ 25ਵਾਂ ਸਾਲਾਨਾ ਇਨਾਮ ਵੰਡ ਸਮਾਗਮ 29 ਨਵੰਬਰ 2025 ਨੂੰ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ। ਹੈੱਡ ਮਾਸਟਰ ਤਰਸੇਮ ਮੌਂਗਾ ਤੇ ਰਣਜੀਤ ਸਿੰਘ ਮੱਲਾ ਐਚ.ਟੀ. ਨੇ ਦੱਸਿਆ ਕਿ ਸਮਾਗਮ ਦੇ ਮੁੱਖ ਮਹਿਮਾਨ ਸਮਾਜ ਸੇਵੀ ਸ਼ਾਮ ਪ੍ਰਤਾਪ ਸ਼ਰਮਾ ਹੋਣਗੇ। ਇਸ ਮੌਕੇ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ, ਖੇਡ ਗਤੀਵਿਧੀਆਂ ਤੇ ਸੱਭਿਆਚਾਰਕ ਪ੍ਰੋਗਰਾਮਾਂ ਵਿਚੋਂ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ।

ਅੱਖਾਂ ਦਾ ਮੁਫ਼ਤ ਜਾਂਚ ਕੈਂਪ ਕੱਲ੍ਹ

ਬਾਜਾਖਾਨਾ, 27 ਨਵੰਬਰ (ਜਗਦੀਪ ਸਿੰਘ ਗਿੱਲ)-ਨਜ਼ਦੀਕੀ ਪਿੰਡ ਲੰਭਵਾਲੀ ਦੇ ਸ਼ਹੀਦ ਭਗਤ ਸਿੰਘ ਸੁਧਾਰ ਕਲੱਬ ਵਲੋਂ 29 ਨਵੰਬਰ 2025 ਨੂੰ ਪਿੰਡ ਦੀ ਪੁਰਾਣੀ ਧਰਮਸ਼ਾਲਾ ਲੰਭਵਾਲੀ ਵਿਖੇ ਇਕ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਨਗਰ ਨਿਵਾਸੀਆਂ, ਕਲੱਬ ਦੇ ਨੌਜਵਾਨਾਂ ਤੇ ਐਨ.ਆਈ.ਆਰ. ਭਰਾਵਾਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਸਮਾਜ ਸੇਵੀ ਨਿਰਮਲ ਕੁਮਾਰ ਨਿੰਮਾ ਸ਼ਰਮਾ ਅਤੇ ਸਰਬਜੀਤ ਸਿੰਘ ਨੇ ਦੱਸਿਆ ਕਿ ਕੈਂਪ 'ਚ ਨੇਤਰ ਪ੍ਰਕਾਸ਼ ਚੈਰੀਟੇਬਲ ਟਰੱਸਟ, ਬਰਾੜ ਅੱਖਾਂ ਦਾ ਹਸਪਤਾਲ ਕੋਟਕਪੂਰਾ ਤੇ ਬਠਿੰਡਾ ਦੇ ਮਾਹਿਰ ਡਾਕਟਰਾਂ ਦੀ ਟੀਮ ਮਰੀਜ਼ਾਂ ਦੀ ਜਾਂਚ ਕਰੇਗੀ। ਕੈਂਪ 'ਚ ਸ਼ੂਗਰ ਦੇ ਮਰੀਜ਼ਾਂ ਲਈ ਵਿਸ਼ੇਸ਼ ਜਾਂਚ ਪੜਤਾਲ ਕੀਤੀ ਜਾਵੇਗੀ ਤੇ ਸਾਰੇ ਮਰੀਜ਼ਾਂ ਦੀ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦੀ ਮੁਫ਼ਤ ਜਾਂਚ ਪੜਤਾਲ ਕੀਤੀ ਜਾਵੇਗੀ।

ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਫ਼ਰੀਦਕੋਟ ਦੇ ਐਨ.ਐਸ.ਐਸ. ਵਲੰਟੀਅਰ ਅੰਗਦਾਨ ਬਾਰੇ ਜਾਗਰੂਕਤਾ ਰੈਲੀ ਕੱਢਣ ਸਮੇਂ ਸਟਾਫ਼ ਨਾਲ। ਅਜੀਤ ਤਸਵੀਰ

ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਵਿਖੇ ਅੰਗਦਾਨ ਜਾਗਰੂਕਤਾ ਰੈਲੀ ਕੱਢੀ

ਫ਼ਰੀਦਕੋਟ, 27 ਨਵੰਬਰ (ਜਸਵੰਤ ਸਿੰਘ ਪੁਰਬਾ)-ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਫ਼ਰੀਦਕੋਟ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੰਗਦਾਨ ਬਾਰੇ ਜਾਗਰੂਕਤਾ ਫ਼ੈਲਾਉਣ ਲਈ ਵਿਸ਼ਾਲ ਰੈਲੀ ਕੱਢੀ ਗਈ। ਇਹ ਰੈਲੀ ਪ੍ਰਿੰਸੀਪਲ ਡਾ. ਹਰਦੀਪ ਕੌਰ ਮੱਲ ਦੀ ਰਹਿਨੁਮਾਈ ਤੇ ਮਨਪ੍ਰੀਤ ਕੌਰ ਪੰਧੇਰ, ਜੈਸਮੀਨ ਕੌਰ ਅਤੇ ਜਸਕਿਰਨ ਕੌਰ ਦੀ ਅਗਵਾਈ ਹੇਠ ਰੈਡ ਰਿਬਨ ਕਲੱਬ ਤੇ ਐਨ.ਐਸ.ਐਸ. ਦੇ ਸਹਿਯੋਗ ਨਾਲ ਕੱਢੀ ਗਈ। ਰੈਲੀ ਦੀ ਸ਼ੁਰੂਆਤ ਯੂਨੀਵਰਸਿਟੀ ਕਾਲਜ ਆਫ਼ ਨਰਸਿੰਗ ਤੋਂ ਕੀਤੀ ਗਈ ਜਿਸ ਵਿਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਤਸ਼ਾਹ ਪੂਰਵਕ ਭਾਗ ਲਿਆ। ਰੈਲੀ ਦੌਰਾਨ ਵਿਦਿਆਰਥੀਆਂ ਨੇ ਅੰਗਦਾਨ-ਮਹਾਨ ਦਾਨ, ਇਕ ਅੰਗ-ਕਈ ਜ਼ਿੰਦਗੀਆਂ ਵਰਗੇ ਨਾਅਰੇ ਲਗਾਏ ਗਏ ਤੇ ਲੋਕਾਂ ਨੂੰ ਅੰਗਦਾਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਅੰਗਦਾਨ ਦੇ ਵਿਸ਼ੇ 'ਤੇ ਇਕ ਪ੍ਰੇਰਣਾਦਾਇਕ ਰੋਲ ਪਲੇਅ (ਨਾਟਕ) ਵੀ ਪੇਸ਼ ਕੀਤਾ ਗਿਆ। ਇਸ ਤੋਂ ਇਲਾਵਾ ਹੈਲਥ ਟਾਕ ਰਾਹੀਂ ਲੋਕਾਂ ਨੂੰ ਅੰਗਦਾਨ ਦੀ ਪ੍ਰਕਿਆ ਦੇ ਲਾਭ ਤੇ ਕਾਨੂੰਨੀ ਨੁਕਤੇ ਵਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਡਾ. ਹਰਦੀਪ ਕੌਰ ਮੱਲ ਨੇ ਕਿਹਾ ਕਿ ਰੈੱਡ ਰਿਬਨ ਕਲੱਬ ਤੇ ਐਨ.ਐਸ.ਐਸ. ਨਾਲ ਮਿਲ ਕੇ ਕੀਤੀਆਂ ਗਈਆਂ ਅਜਿਹੀਆਂ ਗਤੀਵਿਧੀਆਂ ਦਾ ਉਦੇਸ਼ ਸਮਾਜ ਵਿਚ ਜ਼ਿਆਦਾ ਤੋਂ ਜ਼ਿਆਦਾ ਜਾਗਰੂਕਤਾ ਫ਼ੈਲਾਉਣਾ ਹੈ।

ਕਿਲ੍ਹਾ ਮੁਬਾਰਕ ਦੇ ਦਰਸ਼ਨ ਕਰਨ ਸਮੇਂ ਪੰਜਾਬ ਡਿਗਰੀ ਕਾਲਜ ਦੇ ਵਿਦਿਆਰਥੀ ਤੇ ਸਟਾਫ਼। ਅਜੀਤ ਤਸਵੀਰ

ਪੰਜਾਬ ਡਿਗਰੀ ਕਾਲਜ ਦੇ ਐਨ.ਐਸ.ਐਸ ਵਲੰਟੀਅਰਾਂ ਨੇ ਕਿਲ੍ਹਾ ਮੁਬਾਰਕ ਫ਼ਰੀਦਕੋਟ ਦਾ ਦੌਰਾ ਕੀਤਾ

ਸਾਦਿਕ, 27 ਨਵੰਬਰ (ਗੁਰਭੇਜ ਸਿੰਘ ਚੌਹਾਨ)-ਪੰਜਾਬ ਡਿਗਰੀ ਕਾਲਜ ਮਹਿਮੂਆਣਾ ਦੇ ਐਨ.ਐਸ.ਐਸ ਵਲੰਟੀਅਰਾਂ ਵਲੋਂ ਬੀਤੇ ਦਿਨੀਂ ਜ਼ਿਲ੍ਹਾ ਫ਼ਰੀਦਕੋਟ ਦੇ ਇਤਿਹਾਸਕ ਕਿਲ੍ਹਾ ਮੁਬਾਰਕ ਦੇ ਦਰਸ਼ਨ ਦੀਦਾਰੇ ਕੀਤੇ ਗਏ। ਕਾਲਜ ਦੇ ਵਾਈਸ ਪ੍ਰਿੰਸੀਪਲ ਪ੍ਰੀਤਇੰਦਰ ਕੌਰ ਗੋਂਦਾਰਾ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਮੌਕੇ ਨਗਰ ਕੀਰਤਨ ਦੀ ਆਮਦ 'ਤੇ ਕਿਲ੍ਹਾ ਮੁਬਾਰਕ ਫ਼ਰੀਦਕੋਟ ਸੰਗਤਾਂ ਦੇ ਦਰਸ਼ਨਾਂ ਲਈ ਖੋਲ੍ਹਿਆ ਗਿਆ ਸੀ। ਪੰਜਾਬ ਡਿਗਰੀ ਕਾਲਜ ਦੇ ਐਨ.ਐਸ.ਐਸ ਵਲੰਟੀਅਰਾਂ ਨੇ ਰੈੱਡ ਰਿਬਨ ਕਲੱਬ ਤੇ ਐਨ.ਐਸ.ਐਸ ਦੇ ਸਹਿਯੋਗ ਨਾਲ ਪ੍ਰੋ. ਅਬਜੀਤ ਸਿੰਘ ਡੋਡ ਇਤਿਹਾਸ ਵਿਭਾਗ ਦੀ ਅਗਵਾਈ 'ਚ ਇਤਿਹਾਸਕ ਕਿਲ੍ਹਾ ਮੁਬਾਰਕ ਦੇ ਦਰਸ਼ਨ ਕੀਤੇ। ਵਲੰਟੀਅਰਾਂ ਨੇ ਕਿਲ੍ਹੇ ਦੀ ਸ਼ਾਨਦਾਰ ਡਿਓੜੀ (ਸਿੰਘ ਦੁਆਰ), ਕਿਲ੍ਹੇ ਦੇ ਅੰਦਰ ਮੌਜੂਦ ਬਾਬਾ ਫ਼ਰੀਦ ਜੀ ਨਾਲ ਸੰਬੰਧਿਤ ਪੁਰਾਤਨ ਇਤਿਹਾਸਕ ਸਥਾਨ, ਪੁਰਾਤਨ ਤੋਪਾਂ, ਪੁਰਾਤਨ ਕੰਧ ਚਿੱਤਰ ਤੇ ਕਲਾ ਕ੍ਰਿਤੀਆਂ ਦੇ ਦਰਸ਼ਨ ਕੀਤੇ। ਇਸ ਮੌਕੇ ਪ੍ਰੋ. ਅਬਜੀਤ ਸਿੰਘ ਡੋਡ ਵਲੋਂ ਬਾਬਾ ਸ਼ੇਖ ਫਰੀਦ ਜੀ ਤੇ ਫ਼ਰੀਦਕੋਟ ਰਿਆਸਤ ਅਤੇ ਪੁਰਾਤਨ ਕਿਲ੍ਹੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ।

ਸ਼ਹੀਦੀ ਦਿਹਾੜੇ ਦੇ ਸੰਬੰਧ ਚ ਸਮਾਗਮ ਕਰਵਾਇਆ

ਮਲੋਟ, 27 ਨਵੰਬਰ (ਪਾਟਿਲ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਤੇ ਭਾਈ ਦਿਆਲਾ ਜੀ ਦੇ 350ਵੀਂ ਸ਼ਹੀਦੀ ਦਿਹਾੜੇ ਦੇ ਸੰਬੰਧ ਵਿਚ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿਚ ਸਮਾਗਮਾਂ ਰਾਹੀਂ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਸੇ ਕੜੀ 'ਚ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦਾਨੇਵਾਲਾ (ਮਲੋਟ) ਵਿਖੇ ਵੀ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿਚ ਸਮਾਗਮ ਕਰਵਾਇਆ ਗਿਆ। 20 ਤੋਂ 25 ਨਵੰਬਰ ਤੱਕ ਸੰਗਤਾਂ ਵਲੋਂ ਹਰ ਰੋਜ਼ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ। 25 ਨਵੰਬਰ ਨੂੰ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਬਾਅਦ 'ਚ ਭਾਈ ਗੁਰਦੇਵ ਸਿੰਘ ਮੱਲਣ ਦੇ ਢਾਡੀ ਜਥੇ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਤੇ ਹੋਰ ਸ਼ਹੀਦਾਂ ਨੂੰ ਸਮਰਪਿਤ ਢਾਡੀ ਵਾਰਾਂ ਰਾਹੀਂ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਨਗਰ ਤੇ ਇਲਾਕੇ ਦੀ ਸਮੁੱਚੀ ਸੰਗਤ ਨੇ ਇਸ ਸ਼ਹੀਦੀ ਸ਼ਤਾਬਦੀ ਸਮਾਗਮ 'ਚ ਹਿੱਸਾ ਲਿਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਗਿਆਨੀ ਜੋਗਿੰਦਰ ਸਿੰਘ ਹੰਸ, ਗੁਰਸੇਵਕ ਸਿੰਘ ਪ੍ਰਧਾਨ ਤੇ ਸਮੁੱਚੀ ਪ੍ਰਬੰਧਕ ਕਮੇਟੀ ਵਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

ਸੁਖਬੀਰ ਸਿੰਘ ਰਾਜਾ ਦਾ ਦਿਹਾਂਤ

ਮਲੋਟ, 27 ਨਵੰਬਰ (ਅਜਮੇਰ ਸਿੰਘ ਬਰਾੜ)-ਆਮ ਆਦਮੀ ਪਾਰਟ